ਨੰ: 15/27/08-1ਪੀਪੀ1/306

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪੀ.ਪੀ.-1 ਸ਼ਾਖਾ)

Place on website.

ਸੇਵਾ ਵਿਖੇ

ਸਮੂਹ ਵਿਭਾਗਾਂ ਦੇ ਮੁਖੀ, ਡਵੀਜਨਾਂ ਦੇ ਕਮਿਸ਼ਨਰ,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਸਮੂਹ ਡਿਪਟੀ ਕਮਿਸ਼ਨਰ ਅਤੇ ਜਿਲ੍ਹਾ ਸੈਸ਼ਨ ਜੱਜ ਅਤੇ
ਉਪ-ਮੰਡਲ ਅਫਸਰ (ਸਿਵਲ), ਪੰਜਾਬ।

DCW 10-6

ਮਿਤੀ, ਚੰਡੀਗੜ੍ਹ: 1-6-2011

ਵਿਸ਼ਾ:- ਗਰੁੱਪ ਏ., ਬੀ. ਅਤੇ ਸੀ. ਦੇ ਅਧਿਕਾਰੀਆਂ/ਕਰਮਚਾਰੀਆਂ ਦੀ ਸਾਲਾਨਾ ਏ.ਪੀ.ਏ.ਆਰ. ਦੀ ਦਰਜਾਬੰਦੀ ਸਬੰਧਿਤ ਨੂੰ ਕੰਨਵੇ ਕਰਨ/ਸੈਲਫ ਅਪ੍ਰੇਜ਼ਲ ਲੈਣ ਬਾਰੇ।

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ: 15/27/08-1ਪੀਪੀ1/620-21 ਮਿਤੀ 15-9-2010 ਅਤੇ ਨੰ: 15/27/08-1ਪੀਪੀ1/830-31 ਮਿਤੀ 15-11-2010 ਦੀ ਲਗਾਤਾਰਤਾ ਵਿਚ ਇਹ ਸੂਚਿਤ ਕਰਨ ਦੀ ਹਦਾਇਤ ਹੋਈ ਹੈ ਕਿ ਹਵਾਲਾ ਅਧੀਨ ਪੱਤਰਾਂ ਰਾਹੀਂ ਜਾਰੀ ਏ.ਪੀ.ਏ.ਆਰ. ਦੇ ਪ੍ਰੋਫਾਰਮਾ ਵਿਚ ਕੁਝ ਸੋਧ ਕਰਦੇ ਹੋਏ ਰੀਵਾਈਜ਼ਡ ਪ੍ਰੋਫਾਰਮਾ ਨਾਲ ਨੱਥੀ ਕਰਕੇ ਭੇਜਿਆ ਜਾ ਰਿਹਾ ਹੈ।

2. ਰੀਵਾਈਜ਼ਡ ਪ੍ਰੋਫਾਰਮਾ ਸਬੰਧਿਤਾਂ ਨੂੰ ਪਾਲਣਾ ਹਿੱਤ ਨੋਟ ਕਰਵਾ ਦਿੱਤਾ ਜਾਵੇ।

Dy. No. PS/RSH/ 7451
Dated 10/6/2011

ਵਿਸ਼ਵਾਸ਼ ਪਾਤਰ

ਵਧੀਕ ਸਕੱਤਰ ਪ੍ਰਸੋਨਲ

ਉਤਾਰਾ ਸਮੂਹ ਵਿੱਤੀ ਕਮਿਸ਼ਨਰ/ ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ: 15/27/08-1ਪੀਪੀ1/307 ਮਿਤੀ,ਚੰਡੀਗੜ੍ਹ: 1-6-2011

.... ਵਿਭਾਗ, ਪੰਜਾਬ।

ਸੈਲਫ ਅਪ੍ਰੇਜਲ ਫਾਰਮ

.... ਵਿਭਾਗ ਦੇ ਗਰੁੱਪ ਏ ਅਧਿਕਾਰੀਆਂ ਦੀ ਸਲਾਨਾ ਕਾਰਗੁਜਾਰੀ ਅਪ੍ਰੇਜ਼ਲ ਰਿਪੋਰਟ ਲਈ ....ਸਮਾਂ/ ਸਾਲ ਦੀ ਰਿਪੋਰਟ।

ਨਿੱਜੀ ਡਾਟਾ।

ਭਾਗ-1

1. ਅਧਿਕਾਰੀ/ ਕਰਮਚਾਰੀ ਦਾ ਨਾਂ :
2. ਜਨਮ ਮਿਤੀ : (ਸਬਦਾਂ ਵਿਚ).........................
3. ਅਸਾਮੀ ਜਿਸ ਤੇ ਕੰਮ ਕਰਦਾ ਹੈ :
4. ਕੀ ਅਧਿਕਾਰੀ/ਕਰਮਚਾਰੀ ਅਨੁਸੂਚਿਤ ਜਾਤੀ/ਅਨੁਸੂਚਿਤ ਜਨ ਜਾਤੀ ਨਾਲ ਸਬੰਧਤ ਹੈ ? :
5. ਮੌਜੂਦਾ ਗਰੇਡ ਵਿਚ ਲਗਾਤਾਰ ਨਿਯੁਕਤੀ ਦੀ ਮਿਤੀ ਅਤੇ ਗਰੇਡ :
6. ਸਾਲ ਦੌਰਾਨ ਡਿਊਟੀ ਤੋਂ ਗੈਰ-ਹਾਜਰ ਰਹਿਣ ਦਾ ਸਮਾਂ (ਟ੍ਰੇਨਿੰਗ ਆਦਿ ਦਾ ਸਮਾਂ ਵੀ ਸਪਸਟ ਕੀਤਾ ਜਾਵੇ) :

ਭਾਗ-2. (ਨਿੱਜੀ ਮੁਲੰਕਣ) ਉਸ ਅਧਿਕਾਰੀ/ ਕਰਮਚਖਾਰੀ ਵਲੋਂ ਭਰਿਆ ਜਾਵੇ, ਜਿਸ ਦੀ ਰਿਪੋਰਟ ਲਿੱਖੀ ਜਾ ਰਹੀ ਹੈ:-

1. ਡਿਊਟੀ ਦਾ ਸੰਖੇਪ ਵਿਵਰਣ :

2. ਮਿਤੀ................ ਤੋਂ .... ਤੱਕ ਕੀਤੇ ਕੰਮ ਦਾ ਸੰਖੇਪ ਵਿਵਰਣ (ਇਹ 100 ਸਬਦ ਤੋਂ ਜਿਆਦਾ ਨਾ ਹੋਵੇ)

ਸਥਾਨ:

ਮਿਤੀ:

ਹਸਤਾਖਰ

(ਜਿਸ ਦੀ ਰਿਪੋਰਟ ਲਿਖੀ ਜਾਣੀ ਹੈ)

ਭਾਗ-3 (ਰਿਪੋਰਟ ਲਿਖਣ ਵਾਲੇ ਅਧਿਕਾਰੀ ਵੱਲੋਂ ਮੁਲੰਕਣ)
(ਕਿਰਪਾ ਕਰਕੇ ਰਿਪੋਰਟ ਲਿਖਣ ਤੋਂ ਪਹਿਲਾਂ ਦਿਸਾ ਨਿਰਦੇਸ ਧਿਆਨ ਨਾਲ ਪੜ ਲਏ ਜਾਣ)

1. ਰਿਪੋਰਟ ਕਰਤਾ/ਰੀਵਿਊ ਕਰਤਾ ਅਧਿਕਾਰੀ ਦੁਆਰਾ ਹਰ ਇੱਕ ਨੁਕਤੇ ਦੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ ਹੇਠ ਅਨੁਸਾਰ ਦਿੱਤੀ ਜਾਵੇ:-

ੳ) ਕੀਤੇ ਕੰਮ ਦਾ ਮੁਲੰਕਣ (ਇਸ ਭਾਗ ਨੂੰ 40% ਵੇਟੇਜ **(weightage)** ਹੋਵੇਗੀ)

	ਵੱਧ ਤੋਂ ਵੱਧ ਅੰਕਿਕ ਗ੍ਰੇਡਿੰਗ (Numerical grading)	ਰਿਪੋਰਟ ਕਰਤਾ ਅਧਿਕਾਰੀ ਵੱਲੋਂ ਦਿੱਤੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ	ਰਿਪੋਰਟ ਕਰਤਾ ਅਧਿਕਾਰੀ ਦੇ ਹਸਤਾਖਰ	ਰੀਵਿਊ ਕਰਤਾ ਅਧਿਕਾਰੀ ਵੱਲੋਂ ਸੋਧੀ ਦਰਜਾਬੰਦੀ ਜੇਕਰ ਉਹ ਕਾਲਮ ਨੰ:3 ਨਾਲ ਸਹਿਮਤ ਨਹੀਂ	ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ
1	2	3	4	5	6
1. ਅਲਾਟ ਕੀਤੇ ਵਿਸਿਆ ਦੇ ਕੰਮ ਦੀ ਪ੍ਰਾਪਤੀ	0-8				
2. ਕੀ ਅਧਿਕਾਰੀ ਪੰਜਾਬੀ ਵਿਚ ਕੰਮ ਕਰਦਾ ਹੈ?	0-8				
3. ਕੰਮ ਦੀ ਗੁਣਵੱਨਤਾ	0-8				
4. ਟਾਈਪ/ਕੰਪਿਊਟਰ ਵਿਚ ਮੁਹਾਰਤ (ਸਪੀਡ ਅਤੇ ਸੁਧਤਾ)	0-8				
5. ਕੰਮ ਦੀ ਕਾਰਜਕੁਸਲਤਾ (ਰਜਿਸਟਰਾਂ ਅਤੇ ਚਾਰਟਾਂ ਆਦਿ ਦੀ ਸਾਂਭ-ਸੰਭਾਲ ਆਦਿ ਦੀ ਕਾਰਜਕੁਸਲਤਾ ਆਦਿ)	0-8				
ਕੀਤੇ ਕੰਮ ਦੀ ਸਮੁੱਚੀ ਦਰਜਾਬੰਦੀ **(over all grading)** 1 ਅਤੇ 5 ਦਾ ਕੁੱਲ ਜੋੜ	40				

ਅ) ਵਿਅਕਤੀਗਤ ਗੁਣਾਂ/ ਵਿਸੇਸਤਾਂਵਾਂ ਦਾ ਮੁਲੰਕਣ (ਇਸ ਭਾਗ ਨੂੰ 30% (weightage) ਵੇਟੇਜ ਹੋਵੇਗੀ)

	ਵੱਧ ਤੋਂ ਵੱਧ ਅੰਕਿਕ ਗ੍ਰੇਡਿੰਗ (Numerical grading)	ਰਿਪੋਰਟ ਕਰਤਾ ਅਧਿਕਾਰੀ ਦੁਆਰਾ ਕੀਤੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ (Grade)	ਰਿਪੋਰਟ ਕਰਤਾ ਅਧਿਕਾਰੀ ਦੇ ਹਸਤਾਖਰ	ਰੀਵਿਊ ਕਰਤਾ ਅਧਿਕਾਰੀ ਵੱਲੋਂ ਸੋਧੀ ਦਰਜਾਬੰਦੀ ਜੇਕਰ ਉਹ ਕਾਲਮ-3 ਨਾਲ ਸਹਿਮਤ ਨਹੀਂ ਹੈ (ਕਾਰਨ ਦੱਸਦੇ ਹੋਏ)	ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ
1	2	3	4	5	6
1. ਕੰਮ ਪ੍ਰਤੀ ਵਤੀਰਾ	0-4				
2. ਜਿੰਮੇਵਾਰੀ ਦੀ ਭਾਵਨਾ	0-4				
3. ਸਮੇਂ ਸਿਰ ਕੰਮ ਨਿਪਟਾਉਣ ਦੀ ਸਮਰੱਥਾ	0-4				
4. ਬਿਆਨ ਕਰਨ ਦੀ ਸਮਰੱਥਾ	0-4				
5. ਵਿਸਲੇਸਣ ਕਰਨ ਦੀ ਯੋਗਤਾ	0-4				
6. ਟੀਮ ਦੇ ਤੌਰ ਤੇ ਕੰਮ ਕਰਨ ਦੀ ਸਮਰੱਥਾਂ	0-4				
7. ਅਨੁਸ਼ਾਸਨ ਰੱਖਣਾ	0-3				
8. ਅੰਦਰੂਨੀ ਆਪਸੀ ਸਬੰਧ	0-3				
ਨਿੱਜੀ ਗੁਣਾਂ ਦੇ ਅਧਾਰ ਤੇ ਸਮੁੱਚੀ ਦਰਜਾਬੰਦੀ (Over all grading) 1 ਤੋਂ 8 ਦਾ ਕੁੱਲ ਜੋੜ	30				

ੲ) ਕਰਮਚਾਰੀ/ ਅਧਿਕਾਰੀ ਦੀ ਕੰਮ ਕਰਨ ਦੀ ਯੋਗਤਾ ਦਾ ਮੁਲੰਕਣ (ਇਸ ਭਾਗ ਨੂੰ 30% ਵੇਟੇਜ (**weightage**) ਹੋਵੇਗੀ)

	ਵੱਧ ਤੋਂ ਵੱਧ ਅੰਕਿਕ ਗ੍ਰੇਡਿੰਗ (Numerical grading)	ਰਿਪੋਰਟ ਕਰਤਾ ਅਧਿਕਾਰੀ ਦੁਆਰਾ ਦਿੱਤੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ (ਗ੍ਰੇਡ)	ਰਿਪੋਰਟ ਕਰਤਾ ਅਧਿਾਰੀ ਦੇ ਹਸਤਾਖਰ	ਰੀਵਿਊ ਕਰਤਾ ਅਧਿਕਾਰੀ ਦੁਆਰਾ ਸੋਧੀ ਦਰਜਾਬੰਦੀ (ਗ੍ਰੇਡ) ਜੇਕਰ ਉਹ ਕਾਲਮ ਨੰ:3 ਨਾਲ ਸਹਿਮਤ ਨਾ ਹੋਵੇ(ਕਾਰਨ ਦੱਸਦੇ ਹੋਏ)	ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ
1	2	3	4	5	6
1. ਕੰਮ ਦੇ ਖੇਤਰ ਵਿਚ ਰੂਲਾਂ/ਨਿਯਮਾਂ/ ਕੰਮ ਦੇ ਤਰੀਕੇ (**proceedure**) ਦੀ ਜਾਣਕਾਰੀ ਅਤੇ ਉਨ੍ਹਾਂ ਨੂੰ ਸਹੀ ਵਰਤੋਂ ਸਬੰਧੀ ਗਿਆਨ।	0-8				
2. ਤਾਲਮੇਲ ਦੀ ਯੋਗਤਾ	0-8				
3. ਪਹਿਲਕਦਮੀ	0-7				
4. ਕੰਪਿਊਟਰ ਤੇ ਕੰਮ ਕਰਨ ਦੀ ਪ੍ਰਵੀਨਤਾ	0-7				
ਕੰਮ ਕਰਨ ਦੀ ਸਮਰੱਥਾ ਸਬੰਧੀ ਸਮੁੱਚੀ ਦਰਜਾਬੰਦੀ (**over all grading**) 1 ਅਤੇ 4 ਦਾ ਕੁੱਲ ਜੋੜ	30				
ਭਾਗ-3 ਦੇ ੳ,ਅ, ਅਤੇ ੲ ਵਿਚੋਂ ਪ੍ਰਾਪਤ ਕੁੱਲ ਪ੍ਰਤੀਸ਼ਤ ਅੰਕ:-	100				

ਨੋਟ: ਸਮੁੱਚੀ ਦਰਜਾਬੰਦੀ ਨਿਰਧਾਰਿਤ ਕੀਤੇ ਅਨੁਪਾਤ ਵਿਚ ਸੰਕੇਤ ਦੇ ਸਨਮੁੱਖ ਅਨੁਪਾਤ ਤੇ ਅਧਾਰਿਤ ਹੋਵੇਗੀ।

ਭਾਗ-4 ਆਮ (General)

1. ਆਮ ਜਨਤਾ ਨਾਲ ਸਪੰਰਕ (ਜਿਥੇ ਕਿਤੇ ਲਾਗੂ ਹੋਵੇ) (ਕਿਰਪਾ ਕਰਕੇ ਆਮ ਜਨਤਾ ਦੀ ਅਧਿਕਾਰੀ ਤਕ ਪਹੁੰਚ **(accessibility)** ਦੀ ਅਤੇ ਉਨ੍ਹਾਂ ਦੀਆਂ ਲੋੜਾਂ ਪ੍ਰਤੀ ਜਵਾਬਦੇਹੀ ਬਾਰੇ ਟਿੱਪਣੀ ਦਿੱਤੀ ਜਾਵੇ)

2. ਟ੍ਰੇਨਿੰਗ (ਅਧਿਕਾਰੀ ਦੇ ਭਵਿੱਖ ਵਿਚ ਕੰਮ ਕਾਜ ਨੂੰ ਧਿਆਨ ਵਿਚ ਰੱਖਦੇ ਹੋਏ, ਉਸ ਦੇ ਕੰਮ ਕਰਨ ਦੀ ਸਮੱਰਥਾਂ ਵਿਚ ਸੁਧਾਰ ਲਿਆਉਣ ਲਈ ਟ੍ਰੇਨਿੰਗ ਦੀ ਸਿਫਾਰਸ ਕੀਤੀ ਜਾਵੇ)

3. ਸਿਹਤ ਦੀ ਸਥਿਤੀ:

4. ਦਿਆਨਤਦਾਰੀ **(integrity)** (ਅਧਿਕਾਰੀ/ ਕਰਮਚਾਰੀ ਦੀ ਦਿਆਨਤਦਾਰੀ ਬਾਰੇ ਟਿੱਪਣੀ ਦਿੱਤੀ ਜਾਵੇ)

5. ਰਿਪੋਰਟ ਕਰਤਾ ਅਧਿਕਾਰੀ ਵੱਲੋਂ ਕਰਮਚਾਰੀ/ ਅਧਿਕਾਰੀ ਦੀ ਸਮਰੱਥਾ ਅਤੇ ਅਸਮਰੱਥਤਾ, ਅਸਾਧਾਰਣ ਪ੍ਰਾਪਤੀਆਂ**(extraordinary)**, ਮਹੱਤਵਪੂਰਨ ਅਸਫਲਤਾਵਾਂ ਅਤੇ ਕਮਜੋਰ ਵਰਗਾਂ ਪ੍ਰਤੀ ਵਤੀਰੇ ਸਬੰਧੀ 100 (ਸੌ) ਸਬਦਾਂ ਵਿਚ ਵਰਨਣ ਕੀਤਾ ਜਾਵੇ।

ਭਾਗ-5

ਰੀਵਿਊ ਕਰਤਾ ਅਧਿਕਾਰੀ ਦੇ ਕਥਨ:-

1.ਰੀਵਿਊ ਕਰਤਾ ਅਧਿਕਾਰੀ ਅਧੀਨ ਕੀਤੇ ਕੰਮ ਦਾ ਸਮਾ

2. ਕੀ ਤੁਸੀਂ ਰਿਪੋਰਟ ਕਰਤਾ ਅਧਿਕਾਰੀ ਵੱਲੋਂ ਭਾਗ-3 ਅਤੇ 4 ਵਿਚ ਕੀਤੇ ਕੰਮ ਅਤੇ ਵਿਸੇਸਤਾਵਾਂ ਸਬੰਧੀ ਕੀਤੀ ਦਰਜਾਬੰਦੀ ਨਾਲ ਸਹਿਮਤ ਹੋ? (ਜੇਕਰ ਨਹੀਂ ਤਾਂ ਸਬੰਧਤ ਭਾਗ ਵਿਚ ਉਪਲਬਧ ਕਾਲਮ ਵਿਚ ਆਪਣਾ ਮੁਲੰਕਣ ਦਰਜ ਕੀਤਾ ਜਾਵੇ ਅਤੇ ਆਪਣੇ ਹਸਤਾਖਰ ਕੀਤੇ ਜਾਣ)।

3. ਜੇਕਰ ਸਹਿਮਤ ਨਹੀਂ ਤਾਂ ਕਾਰਨ ਦੱਸੇ ਜਾਣ? ਕੀ ਤੁਸੀਂ ਉਸ ਵਿਚ ਕੁੱਝ ਸੁਧਾਰ ਕਰਨ ਜਾਂ ਕੁੱਝ ਸਾਮਿਲ ਕਰਨਾ ਚਾਹੁੰਦੇ ਹੋ।

4. ਰਿਪੋਰਟ ਕਰਤਾ ਅਧਿਕਾਰੀ ਦਾ ਅਨੁਸੂਚਿਤ ਜਾਤੀ/ਅਨੁਸੂਚਿਤ ਜਨ ਜਾਤੀਆਂ ਦੇ ਅਧਿਕਾਰੀ ਦੇ ਕੰਮ-ਕਾਜ ਦਾ ਮੁਲੰਕਣ ਕਰਨ ਸਬੰਧੀ ਰਵੱਈਆਂ।

5. ਰੀਵਿਊ ਕਰਤਾ ਅਧਿਕਾਰੀ ਦੇ ਕਥਨ (ਕਿਰਪਾ ਕਰਕੇ ਅਧਿਕਾਰੀ ਦੇ ਸਮੁੱਚੇ ਗੁਣਾਂ, ਸਮੇਤ ਸਮਰੱਥਾਵਾਂ, ਅਸਮਰੱਥਤਾਵਾਂ ਅਤੇ ਕਮਜੋਰ ਵਰਗਾਂ ਪ੍ਰਤੀ ਵਤੀਰੇ ਬਾਰੇ ਲੱਗ-ਭੱਗ 100 ਸਬਦਾਂ ਵਿਚ ਵਰਨਣ ਕੀਤਾ ਜਾਵੇ)

6. ਰਿਪੋਰਟ ਦੇ ਭਾਗ-3 ਵਿਚ ਦਰਜ ੳ.ਅ ਅਤੇ ੲ ਵਿਚ ਦਿੱਤੀ ਵੇਟੇਜ (weightage) ਦੇ ਅਧਾਰ ਤੇ ਸਮੁੱਚੀ ਅੰਕਿਕ ਅਤੇ ਦਰਜਾਬੰਦੀ

ਦਿੱਤੀ ਜਾਣ ਵਾਲ ਦਰਜਾਬੰਦੀ :-

ਸਥਾਨ:
ਮਿਤੀ:

ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ
ਨਾਮ.....................................
ਰਿਪੋਰਟ ਦੇ ਸਮੇ ਦੌਰਾਨ ਅਹੁਦਾ.............
....

ਭਾਗ-6

ਪ੍ਰਵਾਨ ਕਰਤਾ ਅਧਿਕਾਰੀ ਵਲੋਂ ਰਿਪੋਰਟ ਕਰਤਾ/ ਰੀਵਿਊ ਕਰਤਾ ਅਧਿਕਾਰੀ ਵੱਲੋਂ ਭਾਗ-3 ਵਿਚ ੳ,ਅ ਅਤੇ ੲ ਵਿਚ ਕੀਤੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ ਦੇ ਅਧਾਰ ਤੇ ਸਮੂਚੀ ਅੰਕਿਕ ਗ੍ਰੇਡਿੰਗ ਅਤੇ ਦਰਜਾਬੰਦੀ

ਦਿੱਤੀ ਜਾਣ ਵਾਲੀ ਦਰਜਾਬੰਦੀ

ਸਥਾਨ: ਪ੍ਰਵਾਨ ਕਰਤਾ ਅਧਿਕਾਰੀ ਦੇ ਹਸਤਾਖਰ

ਮਿਤੀ: ਨਾਮ..

ਰਿਪੋਰਟ ਦੇ ਸਮੇ ਦੌਰਾਨ ਅਹੁਦਾ............

....

ਨੋਟ: 1. ਜੇਕਰ ਪ੍ਰਵਾਨ ਕਰਤਾ ਅਧਿਕਾਰੀ ਆਪਣੇ ਕਿਸੇ ਕਿਸਮ ਦੇ ਕਥਨ ਦਰਜ ਕਰਨੇ ਚਾਹੁੰਦਾ ਹੋਵੇ, ਉਹ ਵੀ ਉਪਰ ਦੱਸੀ ਥਾਂ ਤੇ ਕਰ ਸਕਦਾ ਹੈ।

2. ਏ.ਪੀ.ਏ.ਆਰ. ਦੇ ਪ੍ਰੋਫਾਰਮੇ ਵਿਚ ਹੇਠ ਲਿਖੇ ਅਨੁਸਾਰ ਪ੍ਰਤੀਸ਼ਤਤਾ ਦੇ ਆਧਾਰ ਤੇ ਦਰਜਾਬੰਦੀ ਕੀਤੀ ਜਾਵੇ:-

ਅੰਕਿਕ ਗ੍ਰੇਡਿੰਗ	ਦਰਜਾਬੰਦੀ
81-100%	ਉੱਤਮ
61-80%	ਬਹੁਤ ਅੱਛਾ
51-60%	ਅੱਛਾ
31-50%	ਔਸਤ
30% ਜਾਂ ਘੱਟ	ਔਸਤ ਤੋਂ ਘੱਟ

ਗੁਪਤ ਰਿਪੋਰਟ ਦਾ ਫਾਰਮ

(ਪੰਜਾਬ ਸਰਕਾਰ ਦੇ ਗਰੁੱਪ-ਡੀ ਕਰਮਚਾਰੀਆਂ ਲਈ)

ਭਾਗ-1

1. ਕਰਮਚਾਰੀ ਦਾ ਨਾਮ :
2. ਪਿਤਾ ਦਾ ਨਾਮ :
3. ਅਹੁਦਾ :
4. ਰਿਪੋਰਟ ਅਧੀਨ ਸਮਾਂ :
5. ਰਿਪੋਰਟ ਲਿਖਣ ਵਾਲੇ ਅਧਿਕਾਰੀ ਦਾ ਨਾਮ ਅਤੇ ਅਹੁਦਾ :

ਭਾਗ-2

1. ਆਮ ਅਨੁਮਾਨ :

   (ਇਸ ਵਿਚ ਸਬੰਧਤ ਕਰਮਚਾਰੀ ਦੇ ਕੰਮਕ, ਚਾਲ ਚਲਣ ਸਬੰਧੀ ਸਮੁੱਚਾ ਅਨੁਮਾਨ ਸਾਮਿਲ ਹੋਵੇ। ਖਾਸ ਤੌਰ ਤੇ ਇਸ ਵਿਚ ਕਰਮਚਾਰੀ ਦੀ ਇਮਾਨਦਾਰੀ ਲਈ ਦਫਤਰ ਵਿਚ ਸਮੇਂ ਦੀ ਪਾਬੰਦੀ, ਅਨੁਸਾਸਨ ਪ੍ਰਤੀ ਜਿੰਮੇਵਾਰੀ ਅਤੇ ਸੀਨੀਅਰ ਅਧਿਕਾਰੀਆਂ ਪ੍ਰਤੀ ਆਗਿਆਕਾਰਤਾ ਦਾ ਵੇਰਵਾ ਹੋਵੇ)

2. ਖਾਮੀਆਂ ਜੇ ਕੋਈ ਹੋਣ :

3. ਤਰੱਕੀ ਲਈ ਯੋਗਤਾ :

4. ਕੀ ਕਰਮਚਾਰੀ ਪੰਜਾਬੀ ਭਾਸਾ ਦਾ ਗਿਆਨ ਰੱਖਦਾ ਹੈ? :

5. ਦਰਜਾਬੰਦੀ :
   (ਉਤਮ/ ਬਹੁਤ ਚੰਗਾ/ ਚੰਗਾ/ ਔਸਤ/ ਔਸਤ ਤੋਂ ਘੱਟ):

....

ਰਿਪੋਰਟ ਲਿਖਣ ਵਾਲੇ ਅਧਿਕਾਰੀ ਦੇ ਹਸਤਾਖਰ

ਨਾਮ...

ਅਹੁਦਾ...

ਹਦਾਇਤਾਂ

1. ਸਲਾਨਾ ਪ੍ਰਗਤੀ ਪ੍ਰੀਖਣ ਰਿਪੋਰਟ ਇੱਕ ਅਹਿਮ ਦਸਤਾਵੇਜ ਹੈ। ਇਹ ਅਧਿਕਾਰੀ ਦੇ ਕੰਮ ਕਾਜ ਦਾ ਮੁਲੰਕਣ ਕਰਨ ਅਤੇ ਕੈਰੀਅਰ ਦੀ ਅਗਲੇਰੀ ਪੱਦਉਨਤੀ ਲਈ ਇੱਕ ਅਹਿਮ ਜਾਣਕਾਰੀ ਮੁਹੱਈਆ ਕਰਵਾਉਂਦਾ ਹੈ, ਇਸ ਲਈ ਜਿਸ ਕਰਮਚਾਰੀ/ ਅਧਿਕਾਰੀ ਦੀ ਰਿਪੋਰਟ ਲਿਖੀ ਜਾ ਰਹੀ ਹੈ, ਰਿਪੋਰਟ ਕਰਤਾ ਅਧਿਕਾਰੀ ਅਤੇ ਰੀਵਿਊ ਕਰਤਾ ਅਧਿਕਾਰੀ ਨੂੰ ਬਹੁਤ ਜਿੰਮੇਵਾਰੀ ਨਾਲ ਇਸ ਫਾਰਮ ਨੂੰ ਭਰਨ ਵਿਚ ਜਿੰਮੇਵਾਰੀ ਨਿਭਾਉਣੀ ਹੋਵੇਗੀ।

2. ਰਿਪੋਰਟ ਕਰਤਾ ਅਧਿਕਾਰੀ ਨੂੰ ਇਹ ਮਹਿਸੂਸ ਕਰਨਾ ਚਾਹੀਦਾ ਹੈ ਕਿ ਇਸ ਦਾ ਉਦੇਸ਼ ਅਧਿਕਾਰੀ ਦਾ ਵਿਕਾਸ ਕਰਨਾ ਹੈ. ਤਾਂਜੋ ਉਹ ਆਪਣੀ ਅਸਲ ਸਮਰੱਥਤਾ ਨੂੰ ਪਹਿਚਾਣ ਸਕੇ। ਇਹ ਖਾਮੀਆਂ ਲੱਭਣ ਵਾਲੀ ਕਾਰਵਾਈ ਨਹੀਂ ਹੈ ਬਲਕਿ ਇੱਕ ਵਿਕਾਸ ਕਰਨੀ ਵਾਲੀ ਪ੍ਰੀਕ੍ਰਿਆ ਹੈ। ਰਿਪੋਰਟ ਲਿੱਖਣ ਵਾਲੇ ਅਧਿਕਾਰੀ ਅਤੇ ਰੀਵਿਊ ਕਰਤਾ ਅਧਿਕਾਰੀ ਵੱਲੋਂ,ਉਸ ਅਧਿਕਾਰੀ,ਜਿਸ ਦੀ ਰਿਪੋਰਟ ਲਿਖੀ ਜਾਣੀ ਹੈ, ਦੇ ਕੰਮ ਪ੍ਰਤੀ ਕਮੀਆਂ, ਵਤੀਰਾ ਜਾਂ ਉਸ ਦਾ ਸਮੁੱਚਾ ਵਿਅਕਤੀਤਵ **(personality)**ਬਾਰੇ ਰਿਪੋਰਟ ਕੀਤੀ ਜਾਣੀ ਹੈ।

3. ਇਹ ਭਾਗ ਪੂਰਾ ਧਿਆਨ **(care & attention)** ਅਤੇ ਸਮਾਂ **(adequate time)**ਦੇ ਕੇ ਭਰੇ ਜਾਣੇ ਚਾਹੀਦੇ ਹਨ। ਰਿਪੋਰਟ ਨੂੰ ਸਧਾਰਨ ਤੌਰ ਤੇ ਜਾਂ ਬਾਹਰੀ ਤੌਰ ਤੇ **(casual or superficial manner)** ਭਰੇ ਜਾਣ ਦੀ ਕੋਸਿਸ ਦਾ ਉਚ ਅਧਿਕਾਰੀਆਂ ਨੂੰ ਸਪਸਟ ਤੌਰ ਤੇ ਪਤਾ ਚਲ ਜਾਂਦੀ ਹੈ।

4. ਜੇਕਰ ਰੀਵਿਊ ਕਰਤਾ ਅਧਿਕਾਰੀ ਇਸ ਬਾਰੇ ਸੰਤੁਸ਼ਟ ਹੈ ਕਿ ਰਿਪੋਰਟ ਲਿਖਣ ਵਾਲੇ ਅਧਿਕਾਰੀ ਨੇ ਉਚਿਤ ਸਾਵਧਾਨੀ ਅਤੇ ਧਿਆਨ ਦੇ ਬਿਨਾਂ ਹੀ ਰਿਪੋਰਟ ਲਿਖੀ ਹੈ ਤਾਂ ਉਹ ਇਸ ਬਾਰੇ ਭਾਗ-4 ਦੀ ਮੱਦ-2 ਵਿਚ ਇਸ ਬਾਬਤ ਕਥਨ ਦਰਜ ਕਰੇਗਾ।

5. ਹਰ ਇੱਕ ਉਤਰ ਸੰਖੇਪ ਰੂਪ ਵਿਚ ਦਿੱਤਾ ਜਾਵੇ। ਕੇਵਲ ਉਸ ਨੂੰ ਛੱਡ ਕੇ ਜਿਥੇ ਅੰਕਿਕ ਗ੍ਰੇਡਿੰਗ **(numerical grading)** ਦਿੱਤੀ ਜਾਣੀ ਹੈ। ਦੱਸਿਆ ਗਿਆ ਸਥਾਨ ਉਤਰ ਦੀ ਲੰਬਾਈ ਦਰਸਾਉਂਦਾ ਹੈ। ਸਬਦਾ ਅਤੇ ਪੱਦਬੰਦੀ **(phrases)** ਨੂੰ ਧਿਆਨ ਨਾਲ ਚੁਣਿਆ ਜਾਵੇ ਅਤੇ ਉਤਰ ਰਿਕਾਰਡ ਕਰਨ ਵਾਲੇ ਅਧਿਕਾਰੀ ਦੇ ਇਰਾਦੇ ਨੂੰ ਸਹੀ ਢੰਗ ਨਾਲ ਦਰਸਾਂਉਦਾ ਹੋਵੇ ਸਪਸਟ ਅਤੇ ਸਧਾਰਣ ਭਾਸਾ ਦਾ ਪ੍ਰਯੋਗ ਕੀਤਾ ਜਾਵੇ।

6. ਰਿਪੋਰਟ ਲਿਖਣ ਵਾਲਾ ਅਧਿਕਾਰੀ ਉਸ ਅਧਿਕਾਰੀ ਜਿਸ ਦੀ ਰਿਪੋਰਟ ਲਿਖੀ ਜਾਣੀ ਹੋਵੇ, ਦਾ ਸਾਲ ਦੇ ਸੁਰੂ ਵਿਚ ਸਾਲ ਦੇ ਪੂਰੇ ਕਰਨ ਵਾਲੇ ਟੀਚੇ ਦੇਵੇਗਾ। ਜੇਕਰ ਕੋਈ ਅਧਿਕਾਰੀ ਰਿਪੋਰਟ ਅਧੀਨ ਸਾਲ ਦੇ ਲਈ ਨਵਾਂ ਪੱਦ ਸੰਭਾਲਦਾ ਹੈ ਤਾਂ ਇਸ ਤਰ੍ਹਾਂ ਦੇ ਟੀਚੇ ਨਵੇਂ ਪੱਦ ਸੰਭਾਲਣ ਦੇ ਸਮੇਂ ਨਿਸਚਿਤ ਕੀਤੇ ਜਾਣਗੇ। ਕੰਮ/ਟੀਚੇ ਦੋਵੇਂ, ਸਬੰਧਤ ਅਧਿਕਾਰੀਆਂ ਨੂੰ ਸਪਸਟ ਰੂਪ ਵਿਚ ਜਾਣੇ ਅਤੇ ਸਮਝੇ ਜਾਣੇ ਹੋਣਗੇ।

7. ਭਾਵੇਂ ਪ੍ਰਗਤੀ ਨਿਰੀਖਣ ਇੱਕ ਸਲਾਨਾ ਅਭਿਆਸ ਹੈ, ਇਹ ਮਾਨਵ ਸੰਸਾਧਨ ਵਿਕਾਸ **(human resources development)** ਦਾ ਸਾਧਨ **(tool)** ਬਣ ਸਕਦਾ ਹੈ। ਇਸ ਲਈ ਰਿਪੋਰਟ ਲਿਖਣ ਵਾਲੇ ਅਧਿਕਾਰੀ ਨੂੰ ਨਿਯਮਤ ਸਮੇਂ ਦੌਰਾਨ**(regular intervals review)** ਕੰਮ ਦਾ ਮੁਲੰਕਣ ਕਰਨਾ ਚਾਹੀਦਾ ਹੈ ਅਤੇ ਸਲਾਹ ਆਦਿ ਨਾਲ ਇਸ ਨੂੰ ਸੁਧਾਰਨ ਦੇ ਕਦਮ ਉਠਾਉਣੇ ਚਾਹੀਦੇ ਹਨ।

8. ਹਰ ਇੱਕ ਮੁਲੰਕਣ ਕਰਤਾ **(each appraiser)** ਦੀ ਇਹ ਕੋਸਿਸ ਹੋਣੀ ਚਾਹੀਦੀ ਹੈ ਕਿ ਮੁਲਕੰਣ ਕਰਨ ਵਾਲੇ ਅਧਿਕਾਰੀ ਦੀ ਕਾਰਜਕੁਸਤਾ, ਆਚਰਣ, ਵਿਵਹਾਰ ਅਤੇ ਯੋਗਤਾ **(performance, conduct, behaviour and potential)** ਦੀ ਅਸਲ ਤਸਵੀਰ ਪੇਸ ਕਰੇ।

9. ਇਹ ਮੁਲੰਕਣ, ਮੁਲਕੰਣ ਕਰਨ ਵਾਲੇ ਅਧਿਕਾਰੀ ਦੀ ਕਾਰਜਕੁਸਲਤਾ ਦੇ ਬਾਰੇ ਰਿਪੋਰਟ ਅਧੀਨ ਸਮੇਂ ਤੱਕ ਹੀ ਸੀਮਿਤ ਰਹਿਣਾ ਚਾਹੀਦਾ ਹੈ।

10. ਇੱਕੋ ਕਾਡਰ ਵਿਚ ਬਾਰਬਰ ਦੇ ਰੈਂਕ ਦੀਆਂ ਕੁੱਝ ਅਸਾਮੀਆਂ ਜਿਆਦਾ ਮਿਹਨਤਕਸ ਹੁੰਦੀਆਂ ਹਨ। ਰਿਪੋਰਟ ਕਰਤਾ/ਰੀਵਿਊ ਕਰਤਾ ਅਧਿਕਾਰੀ ਨੂੰ ਇਸ ਗੱਲ ਦਾ ਰਿਪੋਰਟ ਲਿਖਣ ਸਮੇਂ ਉਚੇਚਾ ਧਿਆਨ ਰੱਖਣਾ ਹੁੰਦਾ ਹੈ ਅਤੇ ਲੋੜ ਅਨੁਸਾਰ ਉਸ ਦੀ ਟਿੱਪਣੀ ਰਿਪੋਰਟ ਵਿਚ ਕਰਨੀ ਲੋੜੀਂਦੀ ਹੈ।

ਦਿਆਨਤਦਾਰੀ ਬਾਰੇ ਰਿਪੋਰਟ ਦੇਣ ਸਮੇਂ ਧਿਆਨ ਰੱਖਣ ਬਾਰੇ:-

ੳ) ਜੇਕਰ ਕਿਸੇ ਕਰਮਚਾਰੀ/ ਅਧਿਕਾਰੀ ਦੀ ਦਿਆਨਤਾਰੀ ਸੱਕੀ ਹੈ ਤਾਂ ਸਪਸਟ ਤੌਰ ਤੇ ਇੰਦਰਾਜ ਕੀਤਾ ਜਾਵੇ।

ਅ) ਕਿਸੇ ਕਰਮਚਾਰੀ ਦੀ ਦਿਆਨਤਦਾਰੀ ਸੱਕੀ ਹੈ, ਤਾਂ ਉਸ ਦਾ ਖਾਨਾ ਖਾਲੀ ਛੱਡ ਕੇ ਹੇਠ ਲਿਖੇ ਅਨੁਸਾਰ ਕਾਰਵਾਈ ਕਰਨੀ ਚਾਹੀਦੀ ਹੈ:-

1) ਵੱਖਰੈ ਤੌਰ ਤੇ ਨੋਟ ਤਿਆਰ ਕੀਤਾ ਜਾਵੇ ਅਤੇ ਆਪਣੇ ਉਚ ਅਧਿਕਾਰੀ ਨੂੰ ਇਸ ਸਬੰਧੀ ਸਥਿਤੀ ਰਿਕਾਰਡ ਕਰਨ ਲਈ ਗੁਪਤ ਤੌਰ ਤੇ ਕਾਰਵਾਈ ਕੀਤੀ ਜਾਵੇ। ਉਸ ਦੇ ਕੰਮ ਆਦਿ ਨੂੰ ਮੁਲੰਕਣ ਕਰਦੇ ਹੋਏ ਉਸ ਦੀ ਦਿਆਨਤਦਾਰੀ ਬਾਰੇ ਰਿਪੋਰਟ ਤਿਆਰ ਕੀਤੀ ਜਾਵੇ।

2) ਜੇਕਰ ਉਸ ਦੀ ਉਕਤ ਰਿਪੋਰਟ ਦੇ ਅਧਾਰ ਤੇ ਇਹ ਸਪਸਟ ਹੋ ਜਾਂਦਾ ਹੈ ਕਿ ਕਰਮਚਾਰੀ/ ਅਧਿਕਾਰੀ ਦੀ ਦਿਆਨਤਦਾਰੀ ਸੱਕੀ ਹੈ ਤਾਂ ਉਸ ਦੀ ਰਿਪੋਰਟ ਵਿਚ ਇੰਦਰਾਜ ਕੀਤਾ ਜਾਵੇ।

3) ਜੇਕਰ ਦਿਆਨਤਦਾਰੀ ਬਾਰੇ ਸੱਕ ਪੱਕਾ ਹੋ ਜਾਂਦਾ ਹੈ ਤਾਂ ਉਸ ਦੇ ਤੱਥ ਸਬੰਧਤ ਕਰਮਚਾਰੀ/ ਅਧਿਕਾਰੀ ਨੂੰ ਕੰਨਵੇਂ ਕੀਤੇ ਜਾਣੇ ਹਨ।

4) ਜੇਕਰ ਫਾਲੋ ਅੱਪ ਐਕਸਨ ਅਨੁਸਾਰ ਦਿਆਨਤਦਾਰੀ ਸੱਕ ਹੋਣ ਬਾਰੇ ਨਾ ਤਾਂ ਕਲੀਅਰ ਹੁੰਦਾ ਹੈ ਅਤੇ ਨਾ ਹੀ ਪੱਕਾ ਹੁੰਦਾ ਹੈ ਤਾਂ ਸਬੰਧਤ ਕਰਮਚਾਰੀ/ ਅਧਿਕਾਰੀ ਦੇ ਕਾਰ-ਵਿਹਾਰ ਤੇ ਨਜਰ ਰੱਖੀ ਜਾਵੇ। ਰਿਪੋਰਟ ਪੱਕੀ ਹੋਣ ਤੇ ਉਕਤ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਨੋਟ:

ਦਿਆਨਤਦਾਰੀ ਕਿਸੇ ਕਰਮਚਾਰੀ/ ਅਧਿਕਾਰੀ ਦੇ ਕੈਰੀਅਰ ਵਿਚ ਇੱਕ ਅਹਿਮ ਰੋਲ ਅਦਾ ਕਰਦੀ ਹੈ ਇਸ ਲਈ ਗੁਪਤ ਰਿਪੋਰਟ ਵਿਚ ਇਸ ਕਾਲਮ ਨੂੰ ਭਰਨ ਲੱਗੇ ਬਹੁਤ ਸਾਵਧਾਨੀ ਵਰਤਣ/ ਧਿਆਨ ਰੱਖਣ ਦੀ ਲੋੜ ਹੈ। ਇਸ ਮੰਤਵ ਲਈ ਰਿਪੋਰਟ ਕਰਤਾ/ ਰੀਵਿਊ ਕਰਤਾ/ਪ੍ਰਵਾਨ ਕਰਤਾ ਅਧਿਕਾਰੀਆਂ ਨੂੰ ਪੂਰੀ ਸਾਵਧਾਨੀ ਵਰਤਦੇ ਹੋਏ ਸਬੰਧਤ ਕਰਮਚਾਰੀ/ ਅਧਿਕਾਰੀ ਦੇ ਕੰਮ-ਕਾਜ/ ਚਾਲ ਚੱਲਣ ਅਤੇ ਉਸ ਦੇ ਕੀਤੇ ਜਾਣ ਵਾਲੇ ਕੰਮ ਨੂੰ ਹਰ ਪੱਖੋਂ ਵਾਚਣ / ਤੱਥਾਂ ਦੀ ਪੜਚੋਲ ਕਰਨ ਉਪ੍ਰੰਤ ਹੀ ਦਿਆਨਤਦਾਰੀ ਬਾਰੇ ਆਪਣੇ ਕਥਨ ਦਰਜ ਕਰਨ ਤਾਂਜੋ ਕਿਸੇ ਨਾਲ ਬੇਇੰਨਸਾਫੀ ਨਾ ਹੋਵੇ।

****